ਖਾਨਗੀ ਤਕਸੀਮ ਦੇ ਕੇਸਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ : ਮਨਿੰਦਰ ਸਿੰਘ ਪੱਟੀ

ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮੀਟਿੰਗ

ਤਰਨਤਾਰਨ, 9 ਅਕਤੂਬਰ :

ਪੰਜਾਬ ਸੇਵਾ ਅਧਿਕਾਰ ਕਮਿਸ਼ਨ ਦੇ ਕਮਿਸ਼ਨਰ ਸ੍ਰੀ ਮਨਿੰਦਰ ਸਿੰਘ ਪੱਟੀ ਤੇ ਪੰਕਜ ਕੁਮਾਰ ਅੱਜ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਐਸ. ਡੀ. ਐਮ. ਦਫ਼ਤਰ ਪੱਟੀ ਵਿਖੇ ਵੱਖ-ਵੱਖ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਐਸ. ਡੀ. ਐਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਐਕਸੀਅਨ ਪਾਵਰਕਾਮ ਸ੍ਰੀ ਕਸ਼ਮੀਰ ਸਿੰਘ, ਨਗਰ ਕੌਂਸਲ ਪੱਟੀ ਦੇ ਕਾਰਜਸਾਧਕ ਅਫ਼ਸਰ ਸ੍ਰੀ ਅਨਿਲ ਕੁਮਾਰ ਚੋਪੜਾ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਮਾਂਬੱਧ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਸਰਕਾਰੀ ਕੰਮਕਾਜ ਨੂੰ ਹੋਰ ਪਾਰਦਰਸ਼ੀ ਅਤੇ ਜਵਾਬਦੇਹ ਬਣਾਇਆ ਜਾ ਸਕੇ। ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਸਬ ਡਵੀਜ਼ਨ ਪੱਟੀ ਵਿੱਚ ਬਕਾਇਆ ਪਏ ਖਾਨਗੀ ਤਕਸੀਮ ਦੇ ਕੇਸਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕ ਬਿਨਾ ਵਜ੍ਹਾ ਹੁੰਦੇ ਝਗੜਿਆਂ ਤੋਂ ਬਚ ਸਕਣ।

ਉਨ੍ਹਾਂ ਦੱਸਿਆ ਕਿ ਪਹਿਲਾਂ ਲੋਕਾਂ ਨੂੰ ਜ਼ਮੀਨੀ ਰਿਕਾਰਡ ਨਾਲ ਸੰਬੰਧਿਤ ਕੰਮਕਾਜ ਕਰਵਾਉਣ ਦੇ ਲਈ ਪਟਵਾਰੀਆਂ ਕੋਲ ਖੱਜਲ-ਖੁਆਰ ਹੋਣਾ ਪੈਂਦਾ ਸੀ, ਪਰੰਤੂ ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਅਹਿਮ ਕਦਮਾਂ ਤਹਿਤ ਮਾਲ ਵਿਭਾਗ ਨਾਲ ਸੰਬੰਧਿਤ ਸਿਸਟਮ ਨੂੰ ਆਨਲਾਈਨ ਕੀਤਾ ਗਿਆ ਹੈ ਤੇ ਵਿਭਾਗ ਨਾਲ ਸੰਬੰਧਿਤ ਸੇਵਾਵਾਂ ਨੂੰ ਆਰ. ਟੀ. ਐਸ. ਐਕਟ ਅਧੀਨ ਲਿਆਂਦਾ ਗਿਆ ਹੈ।

ਉਨ੍ਹਾਂ ਕਿਹਾ ਕਿ ਅੱਜ ਲੋਕ ਜਮੀਨੀ ਰਿਕਾਰਡ ਦੀ ਨਕਲ ਫਰਦ ਕੇਂਦਰਾਂ ਤੋਂ ਤੁਰੰਤ ਕੱਢਵਾ ਸਕਦੇ ਹਨ। ਆਰ. ਟੀ. ਐਸ. ਐਕਟ ਬਣਨ ਤੋਂ ਬਾਅਦ ਸਰਕਾਰੀ ਦਫ਼ਤਰਾਂ ਵਿੱਚ ਰਿਸ਼ਵਤਖੋਰੀ ਨੂੰ ਵੀ ਵੱਡੇ ਪੱਧਰ ’ਤੇ ਠੱਲ੍ਹ ਪਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਇਸ ਕਾਨੂੰਨ ਤਹਿਤ ਆਉਦੀਆਂ ਸਾਰੀਆਂ ਸੇਵਾਵਾਂ ਨੂੰ ਨਿਰਧਾਰਿਤ ਸਮੇਂ ਸੀਮਾ ਵਿੱਚ ਲੋਕਾਂ ਨੂੰ ਮੁੱਹਈਆ ਕਰਵਾਉਣ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਮਿੱਥੀ ਸੀਮਾ ਵਿੱਚ ਪ੍ਰਾਰਥੀ ਨੂੰ ਸੇਵਾ ਮੁੱਹਈਆ ਕਰਵਾਉਣ ਤੋਂ ਆਨਕਾਨੀ ਕਰਦਾ ਹੈ ਤਾਂ ਉਸਦੇ ਖ਼ਿਲਾਫ਼ ਕਮਿਸ਼ਨ ਵੱਲੋਂ ਕਾਰਵਾਈ ਕੀਤੀ ਜਾਵੇਗੀ।

-------------------------